ਗਉੜੀ ਮਹਲਾ ੧ ॥ ਸਤਿਗੁਰੁ ਮਿਲੈ ਸੁ ਮਰਣੁ ਦਿਖਾਏ ॥ ਮਰਣ ਰਹਣ ਰਸੁ ਅੰਤਰਿ ਭਾਏ ॥ ਗਰਬੁ ਨਿਵਾਰਿ ਗਗਨ ਪੁਰੁ ਪਾਏ ॥ ੧॥ ਮਰਣੁ ਲਿਖਾਇ ਆਏ ਨਹੀ ਰਹਣਾ ॥ ਹਰਿ ਜਪਿ ਜਾਪਿ ਰਹਣੁ ਹਰਿ ਸਰਣਾ ॥੧॥ ਰਹਾਉ ॥ ਸਤਿਗੁਰੁ ਮਿਲੈ ਤ ਦੁਬਿਧਾ ਭਾਗੈ ॥ ਕਮਲੁ ਬਿਗਾਸਿ ਮਨੁ ਹਰਿ ਪ੍ਰਭ ਲਾਗੈ ॥ ਜੀਵਤੁ ਮਰੈ ਮਹਾ ਰਸੁ ਆਗੈ ॥ ੨॥ ਸਤਿਗੁਰਿ ਮਿਲਿਐ ਸਚ ਸੰਜਮਿ ਸੂਚਾ ॥ ਗੁਰ ਕੀ ਪਉੜੀ ਊਚੋ ਊਚਾ ॥ ਕਰਮਿ ਮਿਲੈ ਜਮ ਕਾ ਭਉ ਮੂਚਾ ॥ ੩॥ ਗੁਰਿ ਮਿਲਿਐ ਮਿਲਿ ਅੰਕਿ ਸਮਾਇਆ ॥ ਕਰਿ ਕਿਰਪਾ ਘਰੁ ਮਹਲੁ ਦਿਖਾਇਆ ॥ ਨਾਨਕ ਹਉਮੈ ਮਾਰਿ ਮਿਲਾਇਆ ॥੪॥੯॥ {ਪੰਨਾ 153}

ਪਦਅਰਥ:- ਸੁ ਮਰਣੁ—ਉਹ ਮੌਤ, (ਵਿਕਾਰਾਂ ਵਲੋਂ) ਉਹ ਮੌਤ। ਮਰਣੁ ਦਿਖਾਏ—ਵਿਕਾਰਾਂ ਵਲੋਂ ਮੌਤ ਵਿਖਾ ਦੇਂਦਾ ਹੈ, ਵਿਕਾਰਾਂ ਵਲੋਂ ਮੌਤ ਜ਼ਿੰਦਗੀ ਦੇ ਤਜਰਬੇ ਵਿਚ ਲਿਆ ਦੇਂਦਾ ਹੈ। ਮਰਣੁ ਰਸੁ—(ਜਿਸ) ਮੌਤ ਦਾ ਆਨੰਦ, ਵਿਕਾਰਾਂ ਵਲੋਂ ਜਿਸ ਮੌਤ ਦਾ ਆਨੰਦ। ਅੰਤਰਿ—ਹਿਰਦੇ ਵਿਚ। ਭਾਏ—ਪਿਆਰਾ ਲਗਦਾ ਹੈ। ਗਰਬੁ—ਅਹੰਕਾਰ, (ਧਰਤੀ ਦੇ ਪਦਾਰਥਾਂ ਦਾ) ਅਹੰਕਾਰ। ਗਗਨ ਪੁਰੁ—ਆਕਾਸ਼ ਦਾ ਸ਼ਹਰ, ਉਹ ਸ਼ਹਰ ਜਿੱਥੇ ਸੁਰਤਿ ਆਕਾਸ਼ ਵਿਚ ਚੜ੍ਹੀ ਰਹੇ, ਉਹ ਆਤਮਕ ਅਵਸਥਾ ਜਿਥੇ ਸੁਰਤਿ ਉੱਚੀਆਂ ਆਤਮਕ ਉਡਾਰੀਆਂ ਲਾਂਦੀ ਰਹੇ।1।

ਮਰਣੁ—ਮੌਤ, ਸਰੀਰ ਦੀ ਮੌਤ। ਨਹੀ ਰਹਣਾ—ਸਰੀਰਕ ਤੌਰ ਤੇ ਸਦਾ ਨਹੀਂ ਟਿਕੇ ਰਹਿਣਾ। ਜਪਿ—ਜਪ ਕੇ, ਸਿਮਰ ਕੇ। ਜਾਪਿ—ਜਾਪ ਕੇ, ਜਾਪ ਕਰ ਕੇ। ਰਹਣੁ—ਰਿਹਾਇਸ਼, ਸਦਾ ਦੀ ਰਿਹਾਇਸ਼, ਸਦੀਵੀ ਆਤਮਕ ਜੀਵਨ।1। ਰਹਾਉ।

ਦੁਬਿਧਾ—ਦੁਚਿੱਤਾ-ਪਨ, ਮੇਰ-ਤੇਰ। ਕਮਲੁ—ਹਿਰਦੇ ਦਾ ਕੌਲ ਫੁੱਲ। ਬਿਗਾਸਿ—ਖਿੜ ਕੇ। ਜੀਵਤੁ—ਜੀਊਂਦਾ ਹੀ, ਦੁਨੀਆ ਦਾ ਕਾਰ-ਵਿਹਾਰ ਕਰਦਾ ਹੋਇਆ ਹੀ। ਮਰੈ—ਮਾਇਆ ਦੇ ਮੋਹ ਵਲੋਂ ਮਰੇ। ਆਗੈ—ਸਾਹਮਣੇ, ਪਰਤੱਖ।2।

ਸਤਿਗੁਰਿ ਮਿਲਿਐ—ਜੇ ਸਤਿਗੁਰੂ ਮਿਲ ਪਏ। ਸਚ ਸੰਜਮਿ—ਸੱਚ ਦੇ ਸੰਜਮ ਵਿਚ (ਰਹਿ ਕੇ), ਸਿਮਰਨ ਦੀ ਜੁਗਤਿ ਵਿਚ ਰਹਿ ਕੇ। ਸੂਚਾ—ਪਵਿਤ੍ਰ। ਪਉੜੀ—ਸਿਮਰਨ-ਰੂਪ ਪੌੜੀ। ਊਚੋ ਊਚਾ—ਉੱਚਾ ਹੀ ਉੱਚਾ। ਕਰਮਿ—ਪ੍ਰਭੂ ਦੀ ਮਿਹਰ ਨਾਲ। ਮੂਚਾ—ਮੁੱਕ ਜਾਂਦਾ ਹੈ।3।

ਮਿਲਿ—(ਪ੍ਰਭੂ ਦੀ ਯਾਦ ਵਿਚ) ਜੁੜ ਕੇ। ਅੰਕਿ—ਪ੍ਰਭੂ ਦੇ ਅੰਕ ਵਿਚ, ਪ੍ਰਭੂ ਦੇ ਚਰਨਾਂ ਵਿਚ। ਮਹਲੁ—ਪ੍ਰਭੂ ਦਾ ਨਿਵਾਸ-ਥਾਂ, ਉਹ ਅਵਸਥਾ ਜਿਥੇ ਪ੍ਰਭੂ ਦਾ ਮਿਲਾਪ ਹੋ ਜਾਏ। ਮਾਰਿ—ਮਾਰ ਕੇ।4।

ਅਰਥ:- (ਹੇ ਭਾਈ! ਸਾਰੇ ਜੀਵ ਸਰੀਰਕ) ਮੌਤ-ਰੂਪ ਹੁਕਮ (ਪ੍ਰਭੂ ਦੀ ਹਜ਼ੂਰੀ ਵਿਚੋਂ) ਲਿਖਾ ਕੇ ਜੰਮਦੇ ਹਨ (ਭਾਵ, ਇਹੀ ਰੱਬੀ ਨਿਯਮ ਹੈ ਕਿ ਜੋ ਜੰਮਦਾ ਹੈ ਉਸ ਨੇ ਮਰਨਾ ਭੀ ਜ਼ਰੂਰ ਹੈ)। ਸੋ, ਇਥੇ ਸਰੀਰਕ ਤੌਰ ਤੇ ਕਿਸੇ ਨੇ ਸਦਾ ਨਹੀਂ ਟਿਕੇ ਰਹਿਣਾ। (ਹਾਂ) ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ, ਪ੍ਰਭੂ ਦੀ ਸਰਨ ਵਿਚ ਰਹਿ ਕੇ ਸਦੀਵੀ ਆਤਮਕ ਜੀਵਨ ਮਿਲ ਜਾਂਦਾ ਹੈ।1। ਰਹਾਉ।

ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ ਉਹ ਮੌਤ ਵਿਖਾ ਦੇਂਦਾ ਹੈ (ਵਿਕਾਰਾਂ ਵਲੋਂ ਉਹ ਮੌਤ ਉਸ ਦੇ ਜੀਵਨ-ਤਜਰਬੇ ਵਿਚ ਲਿਆ ਦੇਂਦਾ ਹੈ) ਜਿਸ ਮੌਤ ਦਾ ਆਨੰਦ (ਤੇ ਉਸ ਤੋਂ ਪੈਦਾ ਹੋਏ) ਸਦੀਵੀ ਆਤਮਕ ਜੀਵਨ ਦਾ ਆਨੰਦ ਉਸ ਮਨੁੱਖ ਨੂੰ ਆਪਣੇ ਹਿਰਦੇ ਵਿਚ ਪਿਆਰਾ ਲੱਗਣ ਪੈਂਦਾ ਹੈ। ਉਹ ਮਨੁੱਖ (ਸਰੀਰ ਆਦਿਕ ਦਾ) ਅਹੰਕਾਰ ਦੂਰ ਕਰ ਕੇ ਉਹ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ ਜਿੱਥੇ ਸੁਰਤਿ ਉੱਚੀਆਂ ਉਡਾਰੀਆਂ ਲਾਂਦੀ ਰਹੇ।1।

ਜੇ ਸਤਿਗੁਰੂ ਮਿਲ ਪਏ, ਤਾਂ ਮਨੁੱਖ ਦੀ ਦੁਬਿਧਾ ਦੂਰ ਹੋ ਜਾਂਦੀ ਹੈ, ਹਿਰਦੇ ਦਾ ਕੌਲ-ਫੁੱਲ ਖਿੜ ਕੇ ਉਸ ਦਾ ਮਨ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ, ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੀ ਮਾਇਆ ਦੇ ਮੋਹ ਤੋਂ ਉੱਚਾ ਰਹਿੰਦਾ ਹੈ, ਉਸ ਨੂੰ ਪਰਤੱਖ ਤੌਰ ਤੇ ਪਰਮਾਤਮਾ ਦੇ ਸਿਮਰਨ ਦਾ ਮਹਾ ਆਨੰਦ ਅਨੁਭਵ ਹੁੰਦਾ ਹੈ।2।

ਜੇ ਗੁਰੂ ਮਿਲ ਪਏ, ਤਾਂ ਮਨੁੱਖ ਸਿਮਰਨ ਦੀ ਜੁਗਤਿ ਵਿਚ ਰਹਿ ਕੇ ਪਵਿਤ੍ਰ-ਆਤਮਾ ਹੋ ਜਾਂਦਾ ਹੈ। ਗੁਰੂ ਦੀ ਦੱਸੀ ਹੋਈ ਸਿਮਰਨ ਦੀ ਪੌੜੀ ਦਾ ਆਸਰਾ ਲੈ ਕੇ (ਆਤਮਕ ਜੀਵਨ ਵਿਚ) ਉੱਚਾ ਹੀ ਉੱਚਾ ਹੁੰਦਾ ਜਾਂਦਾ ਹੈ। (ਪਰ ਇਹ ਸਿਮਰਨ ਪ੍ਰਭੂ ਦੀ) ਮਿਹਰ ਨਾਲ ਮਿਲਦਾ ਹੈ, (ਜਿਸ ਨੂੰ ਮਿਲਦਾ ਹੈ ਉਸ ਦਾ) ਮੌਤ ਦਾ ਡਰ ਲਹਿ ਜਾਂਦਾ ਹੈ।3।

ਜੇ ਗੁਰੂ ਮਿਲ ਪਏ ਤਾਂ ਮਨੁੱਖ ਪ੍ਰਭੂ ਦੀ ਯਾਦ ਵਿਚ ਜੁੜ ਕੇ ਪ੍ਰਭੂ ਦੇ ਚਰਨਾਂ ਵਿਚ ਲੀਨ ਹੋਇਆ ਰਹਿੰਦਾ ਹੈ। ਗੁਰੂ ਮਿਹਰ ਕਰ ਕੇ ਉਸ ਨੂੰ ਉਹ ਆਤਮਕ ਅਵਸਥਾ ਵਿਖਾ ਦੇਂਦਾ ਹੈ ਜਿੱਥੇ ਪ੍ਰਭੂ ਦਾ ਮਿਲਾਪ ਹੋਇਆ ਰਹੇ। ਹੇ ਨਾਨਕ! ਉਸ ਮਨੁੱਖ ਦੀ ਹਉਮੈ ਦੂਰ ਕਰ ਕੇ ਗੁਰੂ ਉਸ ਨੂੰ ਪ੍ਰਭੂ ਨਾਲ ਇਕ-ਮਿਕ ਕਰ ਦੇਂਦਾ ਹੈ।4।9।